ਮਾਰੂ ਮਹਲਾ ੫ ॥ ਜੋ ਸਮਰਥੁ ਸਰਬ ਗੁਣ ਨਾਇਕੁ ਤਿਸ ਕਉ ਕਬਹੁ ਨ ਗਾਵਸਿ ਰੇ ॥ ਛੋਡਿ ਜਾਇ ਖਿਨ ਭੀਤਰਿ ਤਾ ਕਉ ਉਆ ਕਉ ਫਿਰਿ ਫਿਰਿ ਧਾਵਸਿ ਰੇ ॥ ੧॥ ਅਪੁਨੇ ਪ੍ਰਭ ਕਉ ਕਿਉ ਨ ਸਮਾਰਸਿ ਰੇ ॥ ਬੈਰੀ ਸੰਗਿ ਰੰਗ ਰਸਿ ਰਚਿਆ ਤਿਸੁ ਸਿਉ ਜੀਅਰਾ ਜਾਰਸਿ ਰੇ ॥੧॥ ਰਹਾਉ ॥ ਜਾ ਕੈ ਨਾਮਿ ਸੁਨਿਐ ਜਮੁ ਛੋਡੈ ਤਾ ਕੀ ਸਰਣਿ ਨ ਪਾਵਸਿ ਰੇ ॥ ਕਾਢਿ ਦੇਇ ਸਿਆਲ ਬਪੁਰੇ ਕਉ ਤਾ ਕੀ ਓਟ ਟਿਕਾਵਸਿ ਰੇ ॥੨॥ ਜਿਸ ਕਾ ਜਾਸੁ ਸੁਨਤ ਭਵ ਤਰੀਐ ਤਾ ਸਿਉ ਰੰਗੁ ਨ ਲਾਵਸਿ ਰੇ ॥ ਥੋਰੀ ਬਾਤ ਅਲਪ ਸੁਪਨੇ ਕੀ ਬਹੁਰਿ ਬਹੁਰਿ ਅਟਕਾਵਸਿ ਰੇ ॥ ੩॥ ਭਇਓ ਪ੍ਰਸਾਦੁ ਕ੍ਰਿਪਾ ਨਿਧਿ ਠਾਕੁਰ ਸੰਤਸੰਗਿ ਪਤਿ ਪਾਈ ॥ ਕਹੁ ਨਾਨਕ ਤ੍ਰੈ ਗੁਣ ਭ੍ਰਮੁ ਛੂਟਾ ਜਉ ਪ੍ਰਭ ਭਏ ਸਹਾਈ ॥ ੪॥੭॥

{ਪੰਨਾ 1000}

ਪਦਅਰਥ:- ਸਮਰਥੁ—ਸਭ ਤਾਕਤਾਂ ਦਾ ਮਾਲਕ! ਨਾਇਕੁ—ਮਾਲਕ। ਤਿਸ ਕਉ—{ਸੰਬੰਧਕ 'ਕਉ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਨ ਗਾਵਸਿ—ਤੂੰ ਨਹੀਂ ਗਾਂਦਾ। ਛੋਡਿ ਜਾਇ—(ਹਰੇਕ ਪ੍ਰਾਣੀ) ਛੱਡ ਜਾਂਦਾ ਹੈ। ਤਾ ਕਉ—ਉਸ (ਮਾਇਆ) ਨੂੰ। ਉਆ ਕਉ—ਉਸ (ਮਾਇਆ) ਦੀ ਹੀ ਖ਼ਾਤਰ। ਧਾਵਸਿ—ਤੂੰ ਦੌੜ-ਭੱਜ ਕਰ ਰਿਹਾ ਹੈਂ। ਰੇ—ਹੇ ਭਾਈ!।1।

ਪ੍ਰਭ ਕਉ—ਪ੍ਰਭੂ ਨੂੰ। ਨ ਸਮਾਰਸਿ—ਤੂੰ ਯਾਦ ਨਹੀਂ ਕਰਦਾ। ਬੈਰੀ ਸੰਗਿ—ਵੈਰੀ ਨਾਲ। ਰੰਗ ਰਸਿ—ਮੌਜ-ਮੇਲਿਆਂ ਦੇ ਸੁਆਦ ਵਿਚ। ਤਿਸੁ ਸਿਉ—ਉਸ (ਵੈਰੀ ਮੋਹ) ਨਾਲ। ਜਾਰਸਿ—ਤੂੰ ਸਾੜ ਰਿਹਾ ਹੈਂ।1। ਰਹਾਉ।

ਨਾਮਿ ਸੁਨਿਐ—ਨਾਮ ਸੁਣਨ ਨਾਲ। ਜਾ ਕੈ ਨਾਮਿ ਸੁਨਿਐ—ਜਿਸ ਦਾ ਨਾਮ ਸੁਣਿਆਂ। ਨ ਪਾਵਸਿ—ਤੂੰ ਨਹੀਂ ਪੈਂਦਾ। ਦੇਇ—ਦੇਂਦਾ ਹੈ। ਕਾਢਿ ਦੇਇ—ਕੱਢ ਦੇਂਦਾ ਹੈ। ਸਿਆਲ—ਗਿੱਦੜ। ਤਾ ਕੀ ਓਟ—ਉਸ (ਸਿੰਘ ਪ੍ਰਭੂ) ਦਾ ਆਸਰਾ। ਟਿਕਾਵਸਿ—(ਆਪਣੇ ਅੰਦਰ) ਟਿਕਾ ਲੈ।2।

ਜਾਸੁ—ਜਸ। ਭਵ—ਸੰਸਾਰ-ਸਮੁੰਦਰ। ਤਰੀਐ—ਤਰ ਜਾਈਦਾ ਹੈ। ਰੰਗੁ—ਪ੍ਰੇਮ। ਨ ਲਾਵਸਿ—ਤੂੰ ਨਹੀਂ ਲਾਂਦਾ। ਅਲਪ—ਥੋੜੀ, ਹੋਛੀ। ਬਹੁਰਿ ਬਹੁਰਿ—ਮੁੜ ਮੁੜ। ਅਟਕਾਵਸਿ—ਤੂੰ (ਆਪਣੇ ਮਨ ਨੂੰ) ਫਸਾ ਰਿਹਾ ਹੈਂ।3।

ਪ੍ਰਸਾਦੁ—ਕਿਰਪਾ, ਮਿਹਰ। ਠਾਕੁਰ ਪ੍ਰਸਾਦੁ—ਮਾਲਕ-ਪ੍ਰਭੂ ਦੀ ਕਿਰਪਾ। ਕ੍ਰਿਪਾਨਿਧਿ—ਕਿਰਪਾ ਦਾ ਖ਼ਜ਼ਾਨਾ। ਸੰਤ ਸੰਗਿ—ਸੰਤ ਜਨਾਂ ਦੀ ਸੰਗਤਿ ਵਿਚ। ਪਤਿ—ਇੱਜ਼ਤ। ਨਾਨਕ—ਹੇ ਨਾਨਕ! ਤ੍ਰੈਗੁਣ ਭ੍ਰਮੁ—ਤ੍ਰਿ-ਗੁਣੀ ਮਾਇਆ ਦੀ ਖ਼ਾਤਰ ਭਟਕਣਾ। ਜਉ—ਜਦੋਂ। ਸਹਾਈ—ਮਦਦਗਾਰ।4।

ਅਰਥ:- ਹੇ ਭਾਈ! ਤੂੰ ਆਪਣੇ ਪਰਮਾਤਮਾ ਨੂੰ ਕਿਉਂ ਯਾਦ ਨਹੀਂ ਕਰਦਾ? ਤੂੰ (ਮਾਇਆ ਦੇ ਮੋਹ-) ਵੈਰੀ ਨਾਲ ਮੌਜ-ਮੇਲਿਆਂ ਦੇ ਸੁਆਦ ਵਿਚ ਮਸਤ ਹੈਂ, ਤੇ, ਉਸ (ਮੋਹ ਦੇ) ਨਾਲ ਹੀ ਆਪਣੀ ਜਿੰਦ ਨੂੰ ਸਾੜ ਰਿਹਾ ਹੈਂ (ਆਪਣੇ ਆਤਮਕ ਜੀਵਨ ਨੂੰ ਸਾੜ ਰਿਹਾ ਹੈਂ)।1। ਰਹਾਉ।

ਹੇ ਭਾਈ! ਜਿਹੜਾ ਪਰਮਾਤਮਾ ਸਭ ਤਾਕਤਾਂ ਦਾ ਮਾਲਕ ਹੈ, ਜਿਹੜਾ ਸਾਰੇ ਗੁਣਾਂ ਦਾ ਮਾਲਕ ਹੈ, ਤੂੰ ਉਸ ਦੀ ਸਿਫ਼ਤਿ-ਸਾਲਾਹ ਕਦੇ ਭੀ ਨਹੀਂ ਕਰਦਾ। ਹੇ ਭਾਈ! ਉਸ (ਮਾਇਆ) ਨੂੰ ਤਾਂ ਹਰ ਕੋਈ ਇਕ ਖਿਨ ਵਿਚ ਛੱਡ ਜਾਂਦਾ ਹੈ, ਤੂੰ ਭੀ ਉਸੇ ਦੀ ਖ਼ਾਤਰ ਮੁੜ ਮੁੜ ਭਟਕਦਾ ਫਿਰਦਾ ਹੈਂ।1।

ਹੇ ਭਾਈ! ਜਿਸ ਪਰਮਾਤਮਾ ਦਾ ਨਾਮ ਸੁਣਿਆਂ ਜਮਰਾਜ (ਭੀ) ਛੱਡ ਜਾਂਦਾ ਹੈ ਤੂੰ ਉਸ ਦੀ ਸਰਨ (ਕਿਉਂ) ਨਹੀਂ ਪੈਂਦਾ? ਹੇ ਭਾਈ! ਤੂੰ ਆਪਣੇ ਅੰਦਰ ਉਸ ਪ੍ਰਭੂ ਦਾ ਆਸਰਾ ਟਿਕਾ ਲੈ, ਜਿਹੜਾ (ਸਿੰਘ-ਪ੍ਰਭੂ) ਨਿਮਾਣੇ ਗਿੱਦੜ ਨੂੰ ਕੱਢ ਦੇਂਦਾ ਹੈ।2।

ਹੇ ਭਾਈ! ਜਿਸ ਪਰਮਾਤਮਾ ਦਾ ਜਸ ਸੁਣਿਆਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, ਤੂੰ ਉਸ ਨਾਲ ਪਿਆਰ

ਨਹੀਂ ਜੋੜਦਾ। (ਮਾਇਆ ਦੀ ਪ੍ਰੀਤ) ਸੁਪਨੇ ਦੀ ਹੀ ਹੋਛੀ ਜਿਹੀ ਗੱਲ ਹੈ, ਪਰ ਤੂੰ ਮੁੜ ਮੁੜ ਉਸੇ ਵਿਚ ਆਪਣੇ ਮਨ ਨੂੰ ਫਸਾ ਰਿਹਾ ਹੈਂ।3।

ਹੇ ਨਾਨਕ! ਆਖ—(ਹੇ ਭਾਈ!) ਜਿਸ ਮਨੁੱਖ ਉੱਤੇ ਕਿਰਪਾ ਦੇ ਖ਼ਜ਼ਾਨੇ ਮਾਲਕ-ਪ੍ਰਭੂ ਦੀ ਮਿਹਰ ਹੁੰਦੀ ਹੈ, ਉਹ ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ (ਲੋਕ ਪਰਲੋਕ ਦੀ) ਇੱਜ਼ਤ ਖੱਟਦਾ ਹੈ। ਜਦੋਂ ਪ੍ਰਭੂ ਜੀ ਸਹਾਈ ਬਣਦੇ ਹਨ, ਮਨੁੱਖ ਦੀ ਤ੍ਰਿਗੁਣੀ ਮਾਇਆ ਵਾਲੀ ਭਟਕਣਾ ਮੁੱਕ ਜਾਂਦੀ ਹੈ।4।7।